**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13-10**

**ਮਿਤੀ : 25-06-2025**

ਭਾਰਤੀ ਪੁਲਾੜ ਯਾਤਰੀ ਸ਼ੁਭਾਂਸ਼ੂ ਸ਼ੁਕਲਾ ਨੂੰ ਪੁਲਾੜ ਵਿੱਚ ਲੈ ਕੇ ਜਾਣ ਵਾਲਾ AXIOM-4 ਮਿਸ਼ਨ ਅੱਜ ਅਮਰੀਕਾ ਦੇ ਫਲੋਰੀਡਾ ਸਥਿਤ ਕੈਨੇਡੀ ਸਪੇਸ ਸੈਂਟਰ ਤੋਂ ਲਾਂਚ ਕੀਤਾ ਗਿਆ। ਚਾਲਕ ਦਲ, ਕੰਪਨੀ ਦੇ ਫਾਲਕਨ 9 ਰਾਕੇਟ 'ਤੇ ਇੱਕ ਨਵੇਂ ਸਪੇਸਐਕਸ ਡਰੈਗਨ ਪੁਲਾੜ ਵਾਹਨ'ਤੇ ਅੰਤਰਰਾਸ਼ਟਰੀ ਪੁਲਾੜ ਸਟੇਸ਼ਨ (ISS) ਵਲ ਜਾ ਰਿਹਾ ਏ। ਇਸ ਮਿਸ਼ਨ ਦੀ ਅਗਵਾਈ ਅਮਰੀਕੀ ਕਮਾਂਡਰ ਪੈਗੀ ਵਿਟਸਨ ਕਰ ਰਹੇ ਨੇ, ਜਿਸ ਵਿੱਚ ਭਾਰਤੀ ਹਵਾਈ ਫੌਜ ਦੇ ਗਰੁੱਪ ਕੈਪਟਨ ਸ਼ੁਭਾਂਸ਼ੂ ਸ਼ੁਕਲਾ ਮਿਸ਼ਨ ਪਾਇਲਟ ਵਜੋਂ ਅਤੇ ਹੰਗਰੀ ਦੇ ਪੁਲਾੜ ਯਾਤਰੀ ਟਿਬੋਰ ਕਾਪੂ ਅਤੇ ਪੋਲਿਸ਼ ਪੁਲਾੜ ਯਾਤਰੀ ਸਲਾਵੋਸਜ਼ ਉਜ਼ਨਾਂਸਕੀ-ਵਿਸਨੀਵਸਕੀ ਮਿਸ਼ਨ ਮਾਹਰ ਵਜੋਂ ਸ਼ਾਮਿਲ ਨੇ. ਕੈਪਟਨ ਸ਼ੁਕਲਾ ਪੁਲਾੜ ਦੀ ਯਾਤਰਾ ਕਰਨ ਵਾਲੇ ਦੂਜੇ ਭਾਰਤੀ ਪੁਲਾੜ ਯਾਤਰੀ ਨੇ. ਚਾਰ ਦਹਾਕੇ ਪਹਿਲਾਂ ਵਿੰਗ ਕਮਾਂਡਰ ਰਾਕੇਸ਼ ਸ਼ਰਮਾ ਨੇ 1984 ਵਿੱਚ ਸੋਵੀਅਤ ਮਿਸ਼ਨ ਦੇ ਹਿੱਸੇ ਵਜੋਂ ਬ੍ਰਹਿਮੰਡੀ ਯਾਤਰਾ ਕੀਤੀ ਸੀ।

-------------------------------------------------------

ਅੱਜ ਸੰਵਿਧਾਨ ਹੱਤਿਆ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ 25 ਜੂਨ, 1975 ਨੂੰ ਭਾਰਤ ਦੇ ਸੰਵਿਧਾਨ ਨੂੰ ਕੁਚਲਣ ਦੀ ਯਾਦ ਦਿਵਾਉਂਦਾ ਏ। ਇਸ ਦਿਨ, ਉਨ੍ਹਾਂ ਲੋਕਾਂ ਨੂੰ ਸ਼ਰਧਾਂਜਲੀ ਦਿੱਤੀ ਜਾਂਦੀ ਏ, ਜਿਨ੍ਹਾਂ ਨੂੰ ਐਮਰਜੈਂਸੀ ਦੀਆਂ ਵਧੀਕੀਆਂ ਦਾ ਸਾਹਮਣਾ ਕਰਨਾ ਪਿਆ। ਇਹ ਭਾਰਤੀ ਇਤਿਹਾਸ ਦਾ ਸਭ ਤੋਂ ਕਾਲਾ ਦੌਰ ਸੀ। ਇਹ ਦਿਨ ਉਨ੍ਹਾਂ ਸਾਰੇ ਲੋਕਾਂ ਦੇ ਯੋਗਦਾਨ ਨੂੰ ਵੀ ਯਾਦ ਕਰਦਾ ਏ, ਜਿਨ੍ਹਾਂ ਨੇ ਐਮਰਜੈਂਸੀ ਦੇ ਅਮਾਨਵੀ ਦਰਦ ਨੂੰ ਸਹਿਣ ਕੀਤਾ ਏ। ਆਕਾਸ਼ਵਾਣੀ ਦੇ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਆਪਣੇ ਵਿਚਾਰ ਸਾਂਝੇ ਕਰਦਿਆਂ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਸੀ ਕਿ ਐਮਰਜੈਂਸੀ, ਦੇਸ਼ ਦੇ ਇਤਿਹਾਸ ਦਾ ਸਭ ਤੋਂ ਕਾਲਾ ਯੁੱਗ ਸੀ ਜਦੋਂ ਲੋਕਰਾਜ ਦੀ ਹਮਾਇਤ ਕਰਨ ਵਾਲਿਆਂ 'ਤੇ ਤਸ਼ੱਦਤ ਕੀਤਾ ਗਿਆ ਸੀ ।

-------------------------------------------------------

ਭਾਰਤ ਵਿੱਚ ਐਮਰਜੈਂਸੀ ਲਾਗੂ ਹੋਣ ਦੀ 50ਵੀਂ ਬਰਸੀ - 'ਸੰਵਿਧਾਨ ਹਤਿਆ ਦਿਵਸ' - ਨੂੰ ਮਨਾਉਣ ਲਈ ਦੇਸ਼ ਵਿਆਪੀ ਪ੍ਰੋਗ੍ਰਾਮ ਦੇ ਹਿੱਸੇ ਵਜੋਂ, ਅੱਜ ਪੰਜਾਬ ਦੀ ਰਾਜਧਾਨੀ ਚੰਡੀਗੜ੍ਹ ਵਿਖੇ ਸੂਬਾ ਪੱਧਰੀ ਪ੍ਰੋਗਰਾਮ ਕਰਾਇਆ ਗਿਆ।

ਇਸ ਸੰਜੀਦਾ ਤੇ ਵਿਚਾਰਸ਼ੀਲ ਸਮਾਗਮ ਵਿੱਚ ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਸੰਬੋਧਨ ਕੀਤਾ।

ਆਪਣੇ ਸੰਬੋਧਨ ਵਿੱਚ, ਸ੍ਰੀ ਕਟਾਰੀਆ ਨੇ 25 ਜੂਨ 1975 ਤੋਂ 21 ਮਾਰਚ 1977 ਤੱਕ ਐਮਰਜੈਂਸੀ ਦੇ ਕਾਲੇ ਦੌਰ ਬਾਰੇ ਗੱਲ ਕੀਤੀ. ਇਸਨੂੰ ਇੱਕ ਅਜਿਹਾ ਸਮਾਂ ਦੱਸਦਿਆਂ, ਜਦੋਂ ਨਾਗਰਿਕ ਆਜ਼ਾਦੀਆਂ ਨੂੰ ਘਟਾ ਦਿੱਤਾ ਗਿਆ ਸੀ, ਪ੍ਰੈਸ ਦੀ ਆਜ਼ਾਦੀ ਨੂੰ ਦਬਾਇਆ ਗਿਆ, ਅਤੇ ਲੋਕਤੰਤਰੀ ਸੰਸਥਾਵਾਂ ਦਾ ਗਲਾ ਘੁੱਟਿਆ ਗਿਆ, ਉਨ੍ਹਾਂ ਨੇ ਐਮਰਜੈਂਸੀ ਦੌਰਾਨ ਦ੍ਰਿੜਤਾ ਨਾਲ ਖੜ੍ਹੇ ਲੋਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ

ਨੇ ਲੋਕਤੰਤਰ ਦੀ ਰੱਖਿਆ ਵਿੱਚ ਜਨਤਕ ਜਾਗਰੂਕਤਾ, ਚੌਕਸੀ ਅਤੇ ਸੰਵਿਧਾਨਕ ਨੈਤਿਕਤਾ ਦੀ ਮਹੱਤਤਾ ਨੂੰ ਦੁਹਰਾਇਆ- **BYTE -**

ਰਾਜ ਪੱਧਰੀ ਪ੍ਰੋਗਰਾਮ ਵਿੱਚ ਚੁਣੇ ਹੋਏ ਨੁਮਾਇੰਦਿਆਂ, ਸਿਵਲ ਸਮਾਜ ਦੇ ਮੈਂਬਰਾਂ, ਨੌਜੁਆਨ ਵਲੰਟੀਅਰਾਂ, ਵਿਦਿਆਰਥੀਆਂ ਅਤੇ ਜੀਵਨ ਹੋਰਨਾਂ ਖੇਤਰਾਂ ਤੋਂ ਨਾਗਰਿਕਾਂ ਨੇ ਸ਼ਿਰਕਤ ਕੀਤੀ.

-------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ Chandigarh Municipal Corporation Regulation, 1996 ਵਿੱਚ ਸੋਧ ਨੂੰ ਮਨਜ਼ੂਰੀ ਦੇ ਦਿੱਤੀ ਏ। ਇਸ ਸੋਧ ਨਾਲ, ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੀ ਚੋਣ, ਹੁਣ ਪਹਿਲਾਂ ਦੀ ਗੁਪਤ ਵੋਟਿੰਗ ਵਿਧੀ ਦੀ ਬਜਾਏ, ਹੱਥ ਖੜ੍ਹੇ ਕਰਕੇ ਕੀਤੀ ਜਾਵੇਗੀ। ਰਾਜਪਾਲ ਨੇ ਕਿਹਾ ਕਿ ਨਵੀਂ ਪ੍ਰਣਾਲੀ, ਚੋਣ ਪ੍ਰਕਿਰਿਆ ਵਿੱਚ ਵਧੇਰੇ ਪਾਰਦਰਸ਼ਤਾ ਲਿਆਏਗੀ ਅਤੇ ਚੁਣੇ ਹੋਏ ਨੁਮਾਇਦਿਆਂ ਦੀ ਭੂਮਿਕਾ ਨੂੰ ਵਧੇਰੇ ਸਪੱਸ਼ਟ ਅਤੇ ਜਵਾਬਦੇਹ ਬਣਾਏਗੀ। ਇਸ ਸੋਧ ਨੂੰ ਪਹਿਲਾਂ ਚੰਡੀਗੜ੍ਹ Municipal Corporation ਦੀ ਹਾਊਸ ਮੀਟਿੰਗ ਵਿੱਚ ਪਾਸ ਕੀਤਾ ਗਿਆ ਸੀ ਅਤੇ ਫਿਰ ਤਜਵੀਜ਼ ਨੂੰ ਪ੍ਰਵਾਨਗੀ ਲਈ ਪ੍ਰਸ਼ਾਸਕ ਕੋਲ ਭੇਜਿਆ ਗਿਆ ਸੀ।

-------------------------------------------------------

ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਨੇਤਾ ਸ੍ਰੀ ਬਿਕਰਮ ਸਿੰਘ ਮਜੀਠੀਆ ਨੂੰ ਅੰਮ੍ਰਿਤਸਰ ਸਥਿਤ ਉਨ੍ਹਾਂ ਦੇ ਘਰ 'ਤੇ ਛਾਪਾ ਮਾਰ ਕੇ ਹਿਰਾਸਤ ਵਿੱਚ ਲੈ ਲਿਆ ਏ। ਸਾਡੇ ਅਮ੍ਰਿਤਸਰ ਵਾਲੇ ਪਤਰਕਾਰ ਮਨਿੰਦਰ ਮੋਂਗਾ ਨੇ ਦੱਸਿਆ ਏ ਕਿ ਇਹ ਗਿਰਫਤਾਰੀ ਮਜੀਠੀਆ ਦੇ ਘਰ ਦੀ ਛਾਣ – ਬਿਨ ਤੋਂ ਬਾਅਦ ਕੀਤੀ ਗਈ ਏ. ਪਹਿਲਾਂ, ਸ੍ਰੀ ਮਜੀਠੀਆ ਨੇ ਆਪਣੇ ਸੋਸ਼ਲ ਮੀਡੀਆ ਅਕਾਊਂਟ 'ਐਕਸ' 'ਤੇ ਖੁਦ ਇਹ ਐਲਾਨ ਕਰਦੇ ਹੋਏ ਕਿ SSP ਰੈਂਕ ਦੇ ਅਧਿਕਾਰੀ ਦੀ ਅਗਵਾਈ ਹੇਠ ਵਿਜੀਲੈਂਸ ਬਿਊਰੋ ਦੀ ਇੱਕ ਟੀਮ ਨੇ ਉਨ੍ਹਾਂ ਦੇ ਘਰ ਛਾਪਾ ਮਾਰਿਆ ਏ , ਦਾ ਇਲ੍ਜ਼ਾਮ ਲਾਇਆ ਕਿ ਸੂਬਾ ਸਰਕਾਰ ਉਨ੍ਹਾਂ ਵਿਰੁੱਧ ਇੱਕ ਹੋਰ ਝੂਠਾ ਕੇਸ ਦਰਜ ਕਰਨ ਦੀ ਪ੍ਰਕਿਰਿਆ ਵਿੱਚ ਏ। ਹੋਰ ਵੇਰਵਿਆਂ ਦੀ ਉਡੀਕ ਏ। ਇਸ ਦੌਰਾਨ, ਇਸ ਦੌਰਾਨ ਸਾਬਕਾ ਉਪ ਮੁੱਖ ਮੰਤਰੀ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਨੇਤਾ ਸੁਖਬੀਰ ਸਿੰਘ ਬਾਦਲ ਨੇ ਕਿਹਾ ਏ ਕਿ ਪਾਰਟੀ ਮਜੀਠੀਆ ਦੇ ਨਾਲ ਡਟ ਕੇ ਖੜ੍ਹੀ ਏ। ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਏ ਕਿ ਅਕਾਲੀ ਲੀਡਰਸ਼ਿਪ ਵਿਰੁੱਧ ਰਾਜਨੀਤਿਕ ਬਦਲਾਖੋਰੀ ਸ਼ੁਰੂ ਕੀਤੀ ਗਈ ਏ।

-------------------------------------------------------

---

ਭਾਰਤੀ ਮੌਸਮ ਵਿਭਾਗ (IMD) ਨੇ ਅੱਜ ਪੰਜਾਬ, ਹਰਿਆਣਾ, ਤੇ ਚੰਡੀਗੜ੍ਹ ਵਿੱਚ ਭਾਰੀ ਤੋਂ ਬੇਹਦ ਭਾਰੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ. ਕਲ੍ਹ ਤੋਂ ਮੌਸਮ ਬਦਲਣ ਨਾਲ ਪੰਜਾਬ 'ਚ ਤਾਪਮਾਨ 'ਚ ਗਿਰਾਵਟ ਆਈ ਏ ਤੇ ਮੌਸਮ ਸੁਹਾਵਨਾ ਬਣਿਆ ਹੋਇਆ ਏ.

DESK